HFW-HLH5012A/1/2024-SH5

I/778862/2024

**ਪੰਜਾਬ ਸਰਕਾਰ**

**ਸਿਹਤ ਤੇ ਪਰਿਵਾਰ ਭਲਾਈ ਵਿਭਾਗ**

**(ਸਿਹਤ-5 ਸ਼ਾਖਾ)**

ਮਿਤੀ, ਚੰਡੀਗੜ੍ਹ: 12.02.2024

ਸੇਵਾ ਵਿਖੇ,

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ, ਡਵੀਜ਼ਨਾਂ ਦੇ ਕਮਿਸ਼ਨਰ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ,
ਰਾਜ ਦੇ ਸਮੂਹ ਡਿਪਟੀ ਕਮਿਸ਼ਨਰਜ਼, ਜ਼ਿਲ੍ਹਾ ਅਤੇ ਸੈਸ਼ਨ ਜੱਜ,
ਰਾਜ ਦੇ ਸਮੂਹ ਸਿਵਲ ਸਰਜਨ,
ਪ੍ਰਿੰਸੀਪਲ ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ, ਫਰੀਦਕੋਟ ਅਤੇ ਪਟਿਆਲਾ।

ਵਿਸ਼ਾ:- **ਕਰਮਚਾਰੀਆਂ/ਪੈਨਸ਼ਨਰਾਂ ਦੀ ਮੈਡੀਕਲ ਖਰਚੇ ਦੀ ਪ੍ਰਤੀ-ਪੂਰਤੀ ਕਰਨ ਦੀ ਵਿਧੀ ਵਿੱਚ ਹੋਰ ਸਹੂਲਤਾਂ ਦਿੰਦੇ ਹੋਏ** ਟਾਟਾ ਮੈਮੋਰੀਅਲ ਹੋਮੀ ਭਾਬਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਮੁੱਲਾਂਪੁਰ, ਨਿਊ ਚੰਡੀਗੜ੍ਹ, ਮੋਹਾਲੀ ਨੂੰ ਕੈਂਸਰ ਪੀੜਤਾਂ ਦੇ ਕਰਾਨਿਕ ਸਰਟੀਫਿਕੇਟ ਬਣਾਉਣ ਦੇ ਅਧਿਕਾਰ ਦੇਣ **ਸਬੰਧੀ।**

****

ਸ੍ਰੀ ਮਾਨ ਜੀ,

ਉਪਰੋਕਤ ਵਿਸ਼ੇ ਤੇ ਸਰਕਾਰ ਦੇ ਪੱਤਰ ਨੰ:12/69/98/-5ਸਿ5/21329 ਮਿਤੀ 01, ਸਤੰਬਰ, 2000, ਪੱਤਰ ਨੰ: 12/10/10-5ਸਿ5/1165 ਮਿਤੀ 14, ਜੂਨ, 2010 ਅਤੇ ਪੱਤਰ ਨੰ: 12/10/10-5ਸਿ5/1951-1964 ਮਿਤੀ 14, ਦਸੰਬਰ, 2020 ਰਾਹੀਂ ਜਾਰੀ ਕੀਤੀਆਂ ਹਦਾਇਤਾਂ ਦੀ ਲਗਾਤਾਰਤਾ ਵਿਚ।

2. ਮੈਨੂੰ ਉਪਰੋਕਤ ਵਿਸ਼ੇ ਤੇ ਆਪ ਜੀ ਦਾ ਧਿਆਨ ਹਵਾਲਾ ਅਧੀਨ ਪੱਤਰਾਂ ਰਾਹੀ ਜਾਰੀ ਹਦਾਇਤਾਂ ਵੱਲ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਉਕਤ ਹਦਾਇਤਾਂ ਅਨੁਸਾਰ ਪੰਜਾਬ ਸਰਕਾਰ ਦੇ ਮੈਡੀਕਲ ਕਾਲਜ, ਅੰਮ੍ਰਿਤਸਰ, ਫਰੀਦਕੋਟ, ਪਟਿਆਲਾ, ਪੀ.ਜੀ.ਆਈ. ਚੰਡੀਗੜ੍ਹ, ਏਮਜ ਨਵੀਂ ਦਿੱਲੀ, ਸਰਕਾਰੀ ਮੈਡੀਕਲ ਕਾਲਜ ਤੇ ਹਸਪਤਾਲ, ਸੈਕਟਰ-32, ਚੰਡੀਗੜ੍ਹ ਅਤੇ ਸਮੂਹ ਸਿਵਲ ਸਰਜਨਾਂ ਨੂੰ ਕਰਾਨਿਕ ਬਿਮਾਰੀਆਂ ਸਬੰਧੀ ਸਰਟੀਫਿਕੇਟ ਜਾਰੀ ਕਰਨ ਲਈ ਮਾਨਤਾ ਦਿੱਤੀ ਹੋਈ ਹੈ।

3. ਹੁਣ ਉਕਤ ਅਦਾਰਿਆਂ ਤੋਂ ਇਲਾਵਾ ਟਾਟਾ ਮੈਮੋਰੀਅਲ ਹੋਮੀ ਭਾਬਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਮੁੱਲਾਂਪੁਰ, ਨਿਊ ਚੰਡੀਗੜ੍ਹ, ਮੋਹਾਲੀ ਨੂੰ ਵੀ ਕੈਂਸਰ ਦੀ ਕਰੋਨਿਕ ਬਿਮਾਰੀ ਸਬੰਧੀ ਸਰਟੀਫਿਕੇਟ ਜਾਰੀ ਕਰਨ ਵਾਸਤੇ ਸਰਕਾਰ ਨੇ ਮਾਨਤਾ ਦੇਣ ਦਾ ਫੈਸਲਾ ਲਿਆ ਹੈ ਅਤੇ ਭਵਿੱਖ ਵਿੱਚ ਇਹ ਮੈਡੀਕਲ ਸਰਟੀਫਿਕੇਟ ਵੀ ਮੈਡੀਕਲ ਖਰਚੇ ਦੀ ਪ੍ਰਤੀਪੂਰਤੀ ਲਈ ਪ੍ਰਵਾਨਤ ਹੋਣਗੇ।

4. ਇਹ ਹਦਾਇਤਾਂ ਜਾਰੀ ਹੋਣ ਦੀ ਮਿਤੀ ਤੋਂ ਲਾਗੂ ਹੋਣਗੀਆਂ।

5. ਇਹ ਹਦਾਇਤਾਂ ਮਾਨਯੋਗ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਜੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੀਆਂ ਜਾਂਦੀਆਂ ਹਨ।

ਵਿਸ਼ਵਾਸਪਾਤਰ

ਅਧੀਨ ਸਕੱਤਰ, ਸਿਹਤ